ਨੰ: 15/27/08-1ਪੀਪੀ1/ 279

ਪੰਜਾਬ ਸਰਕਾਰ
ਪ੍ਰਸੋਨਲ ਵਿਭਾਗ
(ਪੀ.ਪੀ.-1 ਸ਼ਾਖਾ)

ਸੇਵਾ ਵਿਖੇ

ਸਮੂਹ ਵਿਭਾਗਾਂ ਦੇ ਮੁਖੀ, ਡਵੀਜ਼ਨਾ ਦੇ ਕਮਿਸ਼ਨਰ,
ਰਜਿਸਟਰਾਰ ਪੰਜਾਬ ਅਤੇ ਹਰਿਆਣਾ ਹਾਈ ਕੋਰਟ,
ਸਮੂਹ ਡਿਪਟੀ ਕਮਿਸ਼ਨਰ ਅਤੇ ਜਿਲ੍ਹਾ ਸੈਸ਼ਨ ਜੱਜ ਅਤੇ
ਉਪ-ਮੰਡਲ ਅਫਸਰ (ਸਿਵਲ), ਪੰਜਾਬ।

ਮਿਤੀ,ਚੰਡੀਗੜ੍ਹ: 17-5-2012

ਵਿਸ਼ਾ:- ਗਰੁੱਪ ਏ. ਅਤੇ ਬੀ. ਦੇ ਅਧਿਕਾਰੀਆਂ/ਕਰਮਚਾਰੀਆਂ ਦੀ ਸਾਲਾਨਾ ਏ.ਪੀ.ਏ.ਆਰ. ਦੇ ਪ੍ਰੋਫਾਰਮੇ ਵਿਚ ਪ੍ਰਾਪਰਟੀ ਰਿਟਰਨ ਸਬੰਧੀ ਨਵਾਂ ਕਾਲਮ ਦਰਜ ਕਰਨ ਬਾਰੇ।

-----

ਸ੍ਰੀਮਾਨ/ਸ੍ਰੀਮਤੀ ਜੀ,

ਮੈਨੂੰ ਉਪਰੋਕਤ ਵਿਸ਼ੇ ਤੇ ਆਪ ਦਾ ਧਿਆਨ ਪੰਜਾਬ ਸਰਕਾਰ ਦੇ ਗਸ਼ਤੀ ਪੱਤਰ ਨੰ: 15/27/08-1ਪੀਪੀ1/497 ਮਿਤੀ 29-7-2011 ਵੱਲ ਦਿਵਾਉਂਦੇ ਹੋਏ ਇਹ ਸੂਚਿਤ ਕਰਨ ਦੀ ਹਦਾਇਤ ਹੋਈ ਹੈ ਕਿ ਏ.ਪੀ.ਏ.ਆਰ. ਦੇ ਪ੍ਰੋਫਾਰਮੇ ਵਿਚ ਇਕ ਨਵਾਂ ਕਾਲਮ ਦਰਜ ਕਰ ਦਿੱਤਾ ਜਾਵੇ ਕਿ ਅਧਿਕਾਰੀ/ਕਰਮਚਾਰੀ (ਗਰੁੱਪ ਏ. ਅਤੇ ਬੀ. ) ਨੇ ਆਪਣੇ ਪ੍ਰਾਪਰਟੀ ਰਿਟਰਨ ਕਿਸ ਮਿਤੀ ਨੂੰ ਫਾਈਲ ਕੀਤੀ ਹੈ ਕਿਉਂਕਿ ਰਾਜ ਸਰਕਾਰ ਵੱਲੋਂ ਸਾਰੇ ਅਧਿਕਾਰੀ/ਕਰਮਚਾਰੀਆਂ (ਗਰੁੱਪ ਏ. ਅਤੇ ਬੀ.) ਦੀ ਪ੍ਰਾਪਰਟੀ ਰਿਟਰਨ ਭਰਨਾ ਲਾਜ਼ਮੀ ਕੀਤਾ ਗਿਆ ਹੈ। ਇਸ ਸੂਚਨਾ ਤੋਂ ਬਿਨਾ ਅਧਿਕਾਰੀ/ਕਰਮਚਾਰੀ ਦੀ ਗੁਪਤ ਰਿਪੋਰਟ ਅਧੂਰੀ ਮੰਨੀ ਜਾਵੇਗੀ, ਜਿਸ ਦੇ ਫਲਸਰੂਪ ਉਸ ਦੀ ਤਰੱਕੀ ਤੇ ਅਸਰ ਪੈਣ ਦੀ ਸੰਭਾਵਨਾ ਹੋਵੇਗੀ।

2. ਇਸ ਦੀ ਇੰਨ-ਬਿੰਨ ਪਾਲਣਾ ਯਕੀਨੀ ਬਣਾਈ ਜਾਵੇ।

ਵਿਸ਼ਵਾਸ਼ ਪਾਤਰ

ਵਧੀਕ ਸਕੱਤਰ ਪ੍ਰਸੋਨਲ

ਉਤਾਰਾ ਸਮੂਹ ਵਿੱਤੀ ਕਮਿਸ਼ਨਰਾਂ/ਪ੍ਰਮੁੱਖ ਸਕੱਤਰਾਂ/ਪ੍ਰਬੰਧਕੀ ਸਕੱਤਰਾਂ ਨੂੰ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਵਧੀਕ ਸਕੱਤਰ ਪ੍ਰਸੋਨਲ

ਸੇਵਾ ਵਿਖੇ

ਸਮੂਹ ਵਿੱਤੀ ਕਮਿਸ਼ਨਰਾਂ/ਪ੍ਰਮੁੱਖ ਸਕੱਤਰਾਂ/
ਪ੍ਰਬੰਧਕੀ ਸਕੱਤਰਾਂ ਪੰਜਾਬ ਸਰਕਾਰ।

ਅੰ.ਵਿ.ਪੱ.ਨੰ: 15/27/08-1ਪੀਪੀ1/ 280 ਮਿਤੀ, ਚੰਡੀਗੜ੍ਹ: 17-5-2012